# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :18-04-2026**

ਲੋਕ ਸਭਾ ਵਿੱਚ ਕੱਲ੍ਹ ਸੰਵਿਧਾਨ (131ਵਾਂ ਸੋਧ) ਬਿੱਲ ਪਾਸ ਨਹੀਂ ਹੋ ਸਕਿਆ। ਇਸ ਬਿੱਲ ਵਿੱਚ ਲੋਕ ਸਭਾ ਅਤੇ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ ਇੱਕ ਤਿਹਾਈ ਸੀਟਾਂ ਰਾਖਵੀਆਂ ਕਰਨ ਦਾ ਪ੍ਰਬੰਧ ਸੀ। ਲੋਕ ਸਭਾ ਵਿੱਚ ਮੌਜੂਦ 528 ਮੈਂਬਰਾਂ ਵਿੱਚੋਂ 298 ਨੇ ਹੱਕ ਵਿੱਚ ਅਤੇ 230 ਨੇ ਵਿਰੋਧ ਵਿੱਚ ਵੋਟ ਪਾਈ, ਜੋ ਕਿ ਲੋੜੀਂਦੇ ਦੋ ਤਿਹਾਈ ਬਹੁਮਤ ਤੋਂ ਘੱਟ ਸੀ। ਲੋਕ ਸਭਾ ਸਪੀਕਰ ਓਮ ਬਿਰਲਾ ਨੇ ਵੋਟਿੰਗ ਨਤੀਜਿਆਂ ਦਾ ਐਲਾਨ ਕੀਤਾ। ਅੱਜ ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤੀ ਗਈ ਏ। ਇਸ ਦੇ ਨਾਲ ਹੀ 28 ਜਨਵਰੀ ਤੋਂ ਸ਼ੁਰੂ ਹੋਇਆ ਬਜਟ ਇਜਲਾਸ ਖਤਮ ਹੋ ਗਿਆ ਏ। ਲੋਕ ਸਭਾ ਵਿੱਚ ਆਪਣੇ ਸਮਾਪਤੀ ਭਾਸ਼ਣ ਵਿੱਚ ਸਪੀਕਰ ਓਮ ਬਿਰਲਾ ਨੇ ਕਿਹਾ ਕਿ ਬਜਟ ਸਮਾਗਮ ਦੌਰਾਨ, 93 ਫ਼ੀਸਦੀ ਕੰਮ ਹੋਇਆ।

---

ਕੇਂਦਰ ਸਰਕਾਰ ਨੇ ਪੰਜਾਬ ਅਤੇ ਚੰਡੀਗੜ੍ਹ ਦੇ ਕਿਸਾਨਾਂ ਨੂੰ ਵੱਡੀ ਰਾਹਤ ਦਿੰਦਿਆਂ ਕਣਕ ਦੇ ਇਕਸਾਰ ਮਿਆਰਾਂ ਵਿੱਚ ਢਿੱਲ ਦਿੱਤੀ ਏ, ਜਿਸ ਨਾਲ 70 ਫੀਸਦੀ ਤੱਕ ਚਮਕ ਦੇ ਨੁਕਸਾਨ ਵਾਲੇ ਕਣਕ ਦੇ ਅਨਾਜ ਦੀ ਖਰੀਦ ਦੀ ਇਜਾਜ਼ਤ ਦਿੱਤੀ ਗਈ ਏ । ਪੰਜਾਬ ਸਰਕਾਰ ਦੇ ਖ਼ੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਅਤੇ ਭਾਰਤੀ ਖ਼ੁਰਾਕ ਕਾਰਪੋਰੇਸ਼ਨ ਚੰਡੀਗੜ੍ਹ ਵੱਲੋਂ ਪੰਜਾਬ ਅਤੇ ਚੰਡੀਗੜ੍ਹ ਦੇ ਸਾਰੇ ਜ਼ਿਲ੍ਹਿਆਂ ਵਿੱਚ ਬੇਮੌਸਮੀ ਬਾਰਿਸ਼ ਕਾਰਨ ਪ੍ਰਭਾਵਿਤ ਹੋਈ ਫਸਲ ਦੇ ਸਿਲਸਿਲੇ ਵਿਚ, ਹਾੜੀ ਮੰਡੀਕਰਨ ਸੀਜ਼ਨ 2026-27 ਲਈ ਕਣਕ ਦੇ ਇਕਸਾਰ ਨਿਰਧਾਰਨਾਂ ਵਿੱਚ ਢਿੱਲ ਦੇਣ ਲਈ ਬੇਨਤੀ ਪੱਤਰ ਭੇਜਿਆ ਗਿਆ ਸੀ। ਇਸ ਪੱਤਰ ਦੇ ਜਵਾਬ ਚ ਕੇਂਦਰ ਨੇ ਕਿਸਾਨਾਂ ਦੀ ਮੁਸ਼ਕਲ ਘਟਾਉਣ ਅਤੇ ਉਨ੍ਹਾਂ ਵਲੋਂ ਕਣਕ ਦੀ ਵਿਕਰੀ ਨੂੰ ਰੋਕਣ ਲਈ ਉਨ੍ਹਾਂ ਦੇ ਹੱਕ ਵਿੱਚ ਕਾਰਵਾਈ ਕੀਤੀ। ਸੁੰਗੜੇ ਅਤੇ ਟੁੱਟੇ ਹੋਏ ਦਾਣਿਆਂ ਦੇ ਸਬੰਧ ਵਿੱਚ, ਸੂਬੇ ਭਰ ਵਿੱਚ ਬਰਾਬਰ ਮਾਪਦੰਡਾਂ ਅਧੀਨ 6 ਫੀਸਦ ਦੀ ਮੌਜੂਦਾ ਹੱਦ ਦੇ ਮੁਕਾਬਲੇ 15 ਫੀਸਦ ਤੱਕ ਢਿੱਲ ਦਿੱਤੀ ਗਈ ਏ । ਇਸ ਦੇ ਨਾਲ ਹੀ, ਕੇਂਦਰ ਨੇ ਕਿਹਾ ਏ ਕਿ ਢਿੱਲ ਤਹਿਤ ਖਰੀਦੀ ਗਈ ਕਣਕ ਨੂੰ ਵੱਖਰੇ ਤੌਰ 'ਤੇ ਭੰਡਾਰ ਕੀਤਾ ਜਾਵੇਗਾ ਅਤੇ ਉਸਦਾ ਹਿਸਾਬ

ਰੱਖਿਆ ਜਾਵੇਗਾ ਅਤੇ ਕਣਕ ਦੇ ਭੰਡਾਰ ਦੀ ਗੁਣਵੱਤਾ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਦੀ ਜ਼ਿੰਮੇਵਾਰੀ ਪੰਜਾਬ ਰਾਜ ਦੀ ਹੋਵੇਗੀ। ਇਨ੍ਹਾਂ ਕਣਕ ਦੇ ਭੰਡਾਰਾਂ ਨੂੰ ਪਹਿਲ ਦੇ ਆਧਾਰ 'ਤੇ ਖਤਮ ਕੀਤਾ ਜਾਵੇਗਾ, ਹਾਲਾਂਕਿ ਇਸ ਢਿੱਲ ਕਾਰਨ ਹੋਣ ਵਾਲੇ ਵਿੱਤੀ ਪ੍ਰਭਾਵ ਦੀ ਜ਼ਿੰਮੇਵਾਰੀ ਸੂਬਾ ਸਰਕਾਰ ਦੀ ਹੋਵੇਗੀ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਲ ਅੰਮ੍ਰਿਤਸਰ ਦੇ ਅਟਾਰੀ ਹਲਕੇ ਵਿੱਚ ਇੱਕ ਵਿਆਪਕ ਵਿਕਾਸ ਮੁਹਿੰਮ ਦੀ ਸ਼ੁਰੂਆਤ ਕਰਦਿਆਂ 137 ਕਿਲੋਮੀਟਰ ਦੀ ਲੰਬਾਈ ਵਾਲੀਆਂ 121 ਸੜਕਾਂ ਦੇ ਨਵੀਨੀਕਰਨ ਲਈ 57 ਕਰੋੜ 80 ਲਖ ਰੁਪਏ ਦਾ ਐਲਾਨ ਕੀਤਾ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਾਕਿਸਤਾਨ ਸਰਹੱਦ ਦੇ ਨਾਲ ਆਪਣੀ ਰਣਨੀਤਕ ਸਥਿਤੀ ਦੇ ਬਾਵਜੂਦ ਲੰਬੇ ਸਮੇਂ ਤੋਂ ਅਣਗੌਲੇ ਰਹੇ ਖੇਤਰਾਂ ਵਿੱਚ ਹੁਣ ਨਿਵੇਸ਼, ਬਿਹਤਰ ਸੰਪਰਕ ਅਤੇ ਨਵੀਆਂ ਆਰਥਿਕ ਗਤੀਵਿਧੀਆਂ ਦੇਖਣ ਨੂੰ ਮਿਲਣਗੀਆਂ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਕੰਡਿਆਲੀ ਤਾਰ ਨੂੰ ਸਰਹੱਦ ਵਾਲੇ ਪਾਸੇ ਕਰਕੇ ਕਿਸਾਨਾਂ ਲਈ ਬਿਨਾਂ ਰੁਕਾਟਵ ਖੇਤੀ ਵਾਸਤੇ ਲੱਖਾਂ ਏਕੜ ਜ਼ਮੀਨ ਨੂੰ ਖੋਲ੍ਹਣ, ਨਸ਼ਿਆਂ ਦੇ ਖਤਰੇ ਨੂੰ ਜੜ੍ਹਾਂ ਤੋਂ ਖਤਮ ਕਰਨ ਅਤੇ 2027 ਵਿੱਚ ਪੰਜਾਬ ਦੇ ਵਿਕਾਸ ਲਈ ਸਰਗਰਮੀ ਨਾਲ ਕੰਮ ਕਰ ਰਹੀ ਏ ।

---------------------------------------------------------------------------

ਕਾਊਂਟਰ ਇੰਟੈਲੀਜੈਂਸ ਪੰਜਾਬ ਦੇ ਸੂਬਾ ਵਿਸ਼ੇਸ਼ ਓਪਰੇਸ਼ਨ ਸੈਲ ਅੰਮ੍ਰਿਤਸਰ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ  ਅੰਮ੍ਰਿਤਸਰ ਦੇ ਪਿੰਡ ਮਹਿਲ ਨੇੜੇ 64 ਕਿਲੋ ਤੋਂ ਵੱਧ ਹੈਰੋਇਨ ਸਮੇਤ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ। ਇਸ ਬਾਰੇ ਵੇਰਵੇ ਸਾਂਝੇ ਕਰਦੇਂ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ

BYTE

---------------------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ ਬਲਬੀਰ ਸਿੰਘ ਨੇ ਬੀਤੇ ਕਲ  ਨੂੰ ਪਟਿਆਲਾ ਦੇ ਬਾਜਵਾ ਕਲੋਨੀ ਵਿਖੇ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਆਯੋਜਿਤ ਜਨ ਸਿਹਤ ਜਾਗਰੂਕਤਾ ਅਤੇ ਬਿਮਾਰੀ ਰੋਕਥਾਮ ਮੁਹਿੰਮ ਦੀ ਸ਼ੁਰੂਆਤ ਪਟਿਆਲਾ ਤੋਂ ਕੀਤੀ। ਇਹ ਮੁਹਿੰਮ ਖਾਸ ਤੌਰ 'ਤੇ ਡੇਂਗੂ ਅਤੇ ਪੀਣ ਵਾਲੇ ਪਾਣੀ ਨਾਲ ਫੈਲਣ ਵਾਲੀਆਂ ਬਿਮਾਰੀਆਂ ਨੂੰ ਕਾਬੂ ਕਰਨ 'ਤੇ ਕੇਂਦਰਿਤ ਏ।  ਸਿਹਤ ਮੰਤਰੀ ਨੇ "ਹਰ ਸ਼ੁਕਰਵਾਰ ਡੇਂਗੂ ਤੇ ਵਾਰ" ਮੁਹਿੰਮ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣ ਦਾ ਸੰਦੇਸ਼ ਦਿੱਤਾ।

---------------------------------------------------------------------------

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਿਆਂ ਖਿਲਾਫ਼ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਏ.ਪੀ.ਜੇ. ਸਕੂਲ ਦੇ ਸਹਿਯੋਗ ਨਾਲ ਅੱਜ 'ਸਾਈਕਲੋਥਾਨ ਕਰਵਾਈ ਗਈ। ਸਾਈਕਲੋਥਾਨ ਵਿੱਚ ਕਰੀਬ 2 ਹਜ਼ਾਰ ਲੋਕਾਂ ਨੇ ਹਿੱਸਾ ਲੈਂਦਿਆਂ ਸਮਾਜ ਦੇ ਹਰ ਵਰਗ ਨੂੰ ਨਸ਼ਿਆਂ ਖਿਲਾਫ਼ ਲਾਮਬੰਦ ਹੋਣ ਦਾ ਸੱਦਾ ਦਿੱਤਾ। ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਸਾਈਕਲੋਥਾਨ ਨੂੰ ਏ.ਪੀ.ਜੇ. ਸਕੂਲ ਤੋਂ ਝੰਡੀ ਦਿਖਾ ਕੇ ਰਵਾਨਾ ਕੀਤਾ ਅਤੇ ਅਧਿਕਾਰੀਆਂ ਸਮੇਤ ਖੁਦ ਵੀ ਸਾਈਕਲੋਥਾਨ ਵਿੱਚ ਹਿੱਸਾ ਲੈਂਦਿਆਂ ਲੋਕਾਂ ਨੂੰ ਨਸ਼ਿਆਂ ਖਿਲਾਫ਼ ਮਜ਼ਬੂਤ ਲੋਕ ਲਹਿਰ ਉਸਾਰਨ ਦਾ ਸੱਦਾ ਦਿੱਤਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੋਈ ਵੀ ਲੜਾਈ ਲੋਕਾਂ ਦੇ ਸਹਿਯੋਗ ਤੋਂ ਬਿਨ੍ਹਾਂ ਨਹੀਂ ਜਿੱਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਨਸ਼ਿਆਂ ਦੀ ਅਲਾਮਤ ਖਿਲਾਫ਼ ਇਕਜੁੱਟ ਕਰਨ ਅਤੇ ਖਾਸ ਕਰ ਨੌਜਵਾਨਾਂ ਨੂੰ ਸਿਹਤਮੰਦ ਜੀਵਨਸ਼ੈਲੀ ਵੱਲ ਉਤਸ਼ਾਹਿਤ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਗਰੂਕਤਾ ਗਤੀਵਿਧੀਆਂ ਤਹਿਤ ਇਹ ਉਪਰਾਲਾ ਕੀਤਾ ਗਿਆ ਏ । ਸਾਈਕਲੋਥਾਨ ਤਿੰਨ ਸ਼੍ਰੇਣੀਆਂ 5 ਕਿਲੋਮੀਟਰ, 10 ਕਿਲੋਮੀਟਰ ਅਤੇ 21 ਕਿਲੋਮੀਟਰ ਵਿੱਚ ਕਰਵਾਈ ਗਈ ।

---

ਸਾਲ 2026 ਲਈ ਭਾਰਤ ਤੋਂ ਹਜ ਯਾਤਰਾ ਅੱਜ ਤੋਂ ਸ਼ੁਰੂ ਹੋ ਰਹੀ ਏ, ਜਿਸ ਵਿੱਚ ਦੇਸ਼ ਭਰ ਦੇ ਵੱਖ-ਵੱਖ ਜਹਾਜ਼ਾਂ ਤੋਂ ਸ਼ਰਧਾਲੂਆਂ ਦਾ ਪਹਿਲਾ ਜਥਾ ਸਾਊਦੀ ਅਰਬ ਲਈ ਰਵਾਨਾ ਹੋਏਗਾ ।

---------------------------------------------------------------------------

IPL ਕ੍ਰਿਕੇਟ ਵਿੱਚ, ਅੱਜ ਬੈਂਗਲੁਰੂ ਵਿੱਚ, ਰਾਇਲ ਚੈਲੇਂਜਰਜ਼ ਬੈਂਗਲੁਰੂ ਦਾ ਮੁਕਾਬਲਾ ਦਿੱਲੀ ਕੈਪੀਟਲਜ਼ ਨਾਲ ਹੋਵੇਗਾ। ਇਹ ਮੈਚ ਦੁਪਹਿਰ ਬਾਅਦ ਸਾਢੇ 3 ਵਜੇ ਸ਼ੁਰੂ ਹੋਵੇਗਾ। ਇੱਕ ਹੋਰ ਮੈਚ ਵਿੱਚ, ਹੈਦਰਾਬਾਦ ਵਿੱਚ ਸ਼ਾਮੀਂ ਸਾਢੇ 7 ਵਜੇ ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ ਚੇਨਈ ਸੁਪਰ ਕਿੰਗਜ਼ ਨਾਲ ਹੋਵੇਗਾ।